ਮਃ ੧ ॥ ਗਲੀ ਅਸੀ ਚੰਗੀਆ ਆਚਾਰੀ ਬੁਰੀਆਹ ॥ ਮਨਹੁ ਕੁਸੁਧਾ ਕਾਲੀਆ ਬਾਹਰਿ ਚਿਟਵੀਆਹ ॥ ਰੀਸਾ ਕਰਿਹ ਤਿਨਾੜੀਆ ਜੋ ਸੇਵਹਿ ਦਰੁ ਖੜੀਆਹ ॥ ਨਾਲਿ ਖਸਮੈ ਰਤੀਆ ਮਾਣਹਿ ਸੁਖਿ ਰਲੀਆਹ ॥ ਹੋਦੈ ਤਾਣਿ ਨਿਤਾਣੀਆ ਰਹਹਿ ਨਿਮਾਨਣੀਆਹ ॥ ਨਾਨਕ ਜਨਮੁ ਸਕਾਰਥਾ ਜੇ ਤਿਨ ਕੈ ਸੰਗਿ ਮਿਲਾਹ ॥੨॥ {ਪੰਨਾ 85}

ਪਦਅਰਥ:- ਆਚਾਰੀ—ਚਾਲ-ਚਲਣ ਵਿਚ। ਮਨਹੁ—ਮਨ ਤੋਂ। ਕੁਸੁਧਾ—ਖੋਟੀਆਂ। ਤਨਾੜੀਆ—ਉਹਨਾਂ ਦੀਆਂ। ਸੇਵਹਿ ਦਰੁ—ਬੂਹਾ ਮੱਲੀ ਬੈਠੀਆਂ ਹਨ। ਸਕਾਰਥਾ—ਸਫਲ।

ਅਰਥ:- ਅਸੀਂ ਗੱਲਾਂ ਵਿਚ ਸੁਚੱਜੀਆਂ (ਹਾਂ, ਪਰ) ਆਚਰਨ ਦੀਆਂ ਮਾੜੀਆਂ ਹਾਂ, ਮਨੋਂ ਖੋਟੀਆਂ ਤੇ ਕਾਲੀਆਂ (ਹਾਂ, ਪਰ) ਬਾਹਰੋਂ ਸਾਫ਼ ਸੁਥਰੀਆਂ। (ਫਿਰ ਭੀ) ਅਸੀਂ ਰੀਸਾਂ ਉਹਨਾਂ ਦੀਆਂ ਕਰਦੀਆਂ ਹਾਂ ਜੋ ਸਾਵਧਾਨ ਹੋ ਕੇ ਖਸਮ ਦੇ ਪਿਆਰ ਵਿਚ ਭਿੱਜੀਆਂ ਹੋਈਆਂ ਹਨ ਤੇ ਆਨੰਦ ਵਿਚ ਰਲੀਆਂ ਮਾਣਦੀਆਂ ਹਨ, ਜੋ ਤਾਣ ਹੁੰਦਿਆਂ ਭੀ ਨਿਰਮਾਣ ਰਹਿੰਦੀਆਂ ਹਨ। ਹੇ ਨਾਨਕ! (ਸਾਡਾ) ਜਨਮ ਸਫਲ (ਤਾਂ ਹੀ ਹੋ ਸਕਦਾ ਹੈ) ਜੇ ਉਹਨਾਂ ਦੀ ਸੰਗਤਿ ਵਿਚ ਰਹੀਏ।2।